2026117463
18/9/2026

# ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜ਼ਿਲ, ਫੇਜ਼-8, ਐਸ.ਏ.ਐਸ.ਨਗਰ, ਮੋਹਾਲੀ
ਈਮੇਲ: directorscert@punjabeducation.gov.in, ਫੋਨ ਨੰ: 0172-4612221

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ)
ਪੰਜਾਬ।

ਮੀਮੋ ਨੰ. [illegible] ਮਿਤੀ: 17.09.2026

ਵਿਸ਼ਾ: ਰਾਜ ਦੇ ਸਮੂਹ ਸਰਕਾਰੀ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ Expert Visit Sessions ਅਤੇ Career Orientation Programme ਸਬੰਧੀ।

1. ਉਪਰੋਕਤ ਵਿਸ਼ੇ ਸਬੰਧੀ ਦੱਸਣਯੋਗ ਹੈ ਕਿ ਕਰੀਅਰ ਗਾਈਡੈਂਸ ਪ੍ਰੋਗਰਾਮ ਅਧੀਨ ਪਿਛਲੇ ਅਕਾਦਮਿਕ ਸਾਲ ਦੌਰਾਨ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ ਸਰਕਾਰੀ ਸਕੂਲਾਂ ਵਿੱਚ Expert Visit Sessions ਕਰਵਾਏ ਗਏ ਸਨ। ਇਸ ਪਹਿਲਕਦਮੀ ਰਾਹੀਂ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਦੇ ਮਾਹਿਰਾਂ ਨਾਲ ਸਿੱਧੀ ਗੱਲਬਾਤ ਕਰਨ ਅਤੇ ਵੱਖ-ਵੱਖ ਕਰੀਅਰ ਮਾਰਗਾਂ, ਕੋਰਸਾਂ, ਰੋਜ਼ਗਾਰ ਦੇ ਮੌਕਿਆਂ ਅਤੇ ਸੰਬੰਧਿਤ ਖੇਤਰਾਂ ਬਾਰੇ ਪ੍ਰਤੱਖ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਇਸ ਨਾਲ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਦੇ ਕਰੀਅਰ ਸਬੰਧੀ ਉਚਿਤ ਫੈਸਲੇ ਲੈਣ ਅਤੇ ਉਪਲਬਧ ਮੌਕਿਆਂ ਬਾਰੇ ਆਪਣੀ ਜਾਗਰੂਕਤਾ ਵਧਾਉਣ ਵਿੱਚ ਸਹਾਇਤਾ ਮਿਲੀ ਹੈ ।
2. ਪਿਛਲੇ ਸਾਲ ਪ੍ਰੋਗਰਾਮ ਨੂੰ ਲਾਗੂ ਕਰਨ ਦੌਰਾਨ ਪ੍ਰਾਪਤ ਤਜਰਬੇ ਅਤੇ ਸਿੱਖਿਆ ਦੇ ਆਧਾਰ 'ਤੇ, ਇਸ ਪਹਿਲਕਦਮੀ ਨੂੰ ਮੌਜੂਦਾ ਅਕਾਦਮਿਕ ਸਾਲ ਦੌਰਾਨ ਹੋਰ ਸੁਚੱਜੇ, ਵਿਵਸਥਿਤ ਅਤੇ ਵਿਦਿਆਰਥੀ-ਕੇਂਦਰਿਤ ਢੰਗ ਨਾਲ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਇਸ ਦਾ ਮੁੱਖ ਉਦੇਸ਼ ਪ੍ਰੋਗਰਾਮ ਦੀ ਯੋਜਨਾਬੰਦੀ, ਲਾਗੂਕਰਨ, ਨਿਗਰਾਨੀ, ਦਸਤਾਵੇਜ਼ੀਕਰਨ, ਰਿਪੋਰਟਿੰਗ ਅਤੇ ਸਮੀਖਿਆ ਦੀ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨਾ ਹੈ ਤਾਂ ਜੋ Expert Visit Sessions ਅਤੇ Career Orientation Programme ਵਿਦਿਆਰਥੀਆਂ ਲਈ ਉਪਯੋਗੀ ਅਤੇ ਅਰਥਪੂਰਨ ਸਾਬਤ ਹੋਣ।
3. ਇਸ ਸਬੰਧੀ ਮੌਜੂਦਾ ਅਕਾਦਮਿਕ ਸਾਲ ਦੌਰਾਨ ਪ੍ਰੋਗਰਾਮ ਦੀ ਲਗਾਤਾਰਤਾ ਲਈ ਵਿਸਤ੍ਰਿਤ Standard Operating Procedures (SOPs) ਤਿਆਰ ਕੀਤੇ ਗਏ ਹਨ (ਨਾਲ ਨੱਥੀ)।
4. ਇਨ੍ਹਾਂ SOPs ਦਾ ਉਦੇਸ਼ ਸਾਰੇ ਸੀਨੀਅਰ ਸੈਕੰਡਰੀ ਸਰਕਾਰੀ ਸਕੂਲਾਂ ਵਿੱਚ ਪ੍ਰੋਗਰਾਮ ਨੂੰ ਇਕਸਾਰ, ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਹੈ। ਇਸ ਦੇ ਨਾਲ ਇਹ ਵੀ ਯਕੀਨੀ ਬਣਾਇਆ ਜਾਣਾ ਹੈ ਕਿ ਮਾਹਿਰਾਂ ਨਾਲ ਵਿਦਿਆਰਥੀਆਂ ਦੀ ਗੱਲਬਾਤ ਉਚਿਤ ਢੰਗ ਨਾਲ ਯੋਜਨਾਬੱਧ ਹੋਵੇ ਅਤੇ ਵਿਦਿਆਰਥੀਆਂ ਦੀਆਂ ਕਰੀਅਰ ਰੁਚੀਆਂ, ਲੋੜਾਂ ਅਤੇ ਸਿੱਖਣ ਦੇ ਉਦੇਸ਼ਾਂ ਨਾਲ ਮੇਲ ਖਾਂਦੀ ਹੋਵੇ।
5. ਇਸ ਲਈ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੇ ਸਾਰੇ ਸਰਕਾਰੀ ਹਾਈ ਅਤੇ ਸੀਨੀਅਰ ਸੈਕੰਡਰੀ ਸਰਕਾਰੀ ਸਕੂਲਾਂ ਵਿੱਚ Expert Visit Sessions ਅਤੇ Career Orientation Programme ਲਾਗੂ ਕਰਨਾ ਯਕੀਨੀ ਬਣਾਇਆ ਜਾਵੇ।
6. ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਵੱਲੋਂ ਪ੍ਰੋਗਰਾਮ ਦੀ ਨਿਯਮਿਤ Follow-up Report ਪ੍ਰਾਪਤ ਕਰਨਾ ਯਕੀਨੀ ਬਣਾਇਆ ਜਾਵੇ ।
7. ਇਸ ਤੋਂ ਇਲਾਵਾ, ਪ੍ਰੋਗਰਾਮ ਦੀ ਪ੍ਰਗਤੀ ਅਤੇ ਪ੍ਰਾਪਤ Follow-up Reports ਦਾ review, ਵਿਭਾਗ ਵੱਲੋਂ ਆਯੋਜਿਤ review ਮੀਟਿੰਗਾਂ ਵਿੱਚ ਕੀਤੀ ਜਾਵੇਗੀ । ਇਸ ਲਈ ਆਪ ਜੀ ਵੱਲੋਂ ਪ੍ਰੋਗਰਾਮ ਸਬੰਧੀ ਅਪਡੇਟ ਰਿਕਾਰਡ ਅਤੇ ਰਿਪੋਰਟਾਂ ਤਿਆਰ ਰੱਖੀਆਂ ਜਾਣ ਅਤੇ ਮੰਗੀ ਜਾਣ ਤੇ ਤੁਰੰਤ ਪੇਸ਼ ਕੀਤੀਆਂ ਜਾਣ।

8. ਇਸ ਲਈ ਆਪ ਜੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ SOPs ਦੀਆਂ ਹਦਾਇਤਾਂ ਅਨੁਸਾਰ ਲੋੜੀਂਦੀ ਕਾਰਵਾਈ ਤੁਰੰਤ ਸ਼ੁਰੂ ਕਰਵਾਉਂਦੇ ਹੋਏ, ਸਾਰੇ ਸਬੰਧਤ ਸਕੂਲਾਂ ਵਿੱਚ Expert Visit Sessions ਅਤੇ Career Orientation Programme ਨੂੰ ਨਿਰਧਾਰਤ ਸਮਾਂ-ਸਾਰਣੀ ਅਨੁਸਾਰ ਲਾਗੂ ਕਰਵਾਉਣਾ ਅਤੇ ਇਸ ਦੀ ਨਿਰੰਤਰ ਨਿਗਰਾਨੀ ਤੇ Follow-up ਯਕੀਨੀ ਬਣਾਇਆ ਜਾਵੇ।

ਕਿਰਨ ਸ਼ਰਮਾ, ਪੀ.ਸੀ.ਐਸ
ਡਾਇਰੈਕਟਰ, ਐਸ.ਸੀ. ਈ.ਆਰ.ਟੀ,ਪੰਜਾਬ ।

ਪਿੱਠ ਅੰਕਣ ਨੰ. ੬੨੮ ਮਿਤੀ- 17.09.2026

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ ਟੂ ਡਾਇਰੈਕਟਰ, ਐਸ.ਸੀ. ਈ.ਆਰ.ਟੀ,ਪੰਜਾਬ ।

ਸਹਾਇਕ ਡਾਇਰੈਕਟਰ,
ਐਸ.ਸੀ.ਈ.ਆਰ.ਟੀ,ਪੰਜਾਬ ।

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ।**

ਪਿਠ ਅੰਕਣ ਨੰ ਜੀ-1/1 ( )2026/ 5045 ਮਿਤੀ : 18-09-26

ਉਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

18/09/26

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।